# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 18:20

**ਮਿਤੀ :20-06-2026**

**ਪਹਿਲਾਂ ਬੁਲੇਟਿਨ ਦੀਆਂ ਖਾਸ ਖ਼ਬਰਾਂ।**

- ਕੱਲ੍ਹ ਦੁਨੀਆ ਭਰ ਵਿੱਚ ਅੰਤਰ-ਰਾਸ਼ਟਰੀ ਯੋਗ ਦਿਵਸ ਮਨਾਇਆ ਜਾਵੇਗਾ-ਪੰਜਾਬ ਸਮੇਤ ਦੇਸ਼ ਭਰ ਯੋਗ ਸਮਾਗਮਾਂ ਦਾ ਹੋਵੇਗਾ ਆਯੋਜਨ-ਪ੍ਰਧਾਨ ਮੰਤਰੀ ਨਰੇਂਦਰ ਮੋਦੀ ਯੋਗ ਅਭਿਆਸ ਵਿੱਚ ਦੇਸ਼ ਦੀ ਅਗਵਾਈ ਕਰਨਗੇ I
- ਭਾਰਤੀ ਜਨਤਾ ਪਾਰਟੀ ਦੇ ਰਾਸ਼ਟਰੀ ਪ੍ਰਧਾਨ ਨਿਤਿਨ ਨਵੀਨ ਵਲੋਂ ਅੱਜ ਅੰਮ੍ਰਿਤਸਰ 'ਚ BJP ਆਗੂਆਂ ਅਤੇ ਵਰਕਰਾਂ ਨਾਲ ਮੀਟਿੰਗ।
- ਪੰਜਾਬ ਚੋਣ ਕਮਿਸ਼ਨ ਵੱਲੋਂ ਹੁਸ਼ਿਆਰਪੁਰ ਨਗਰ ਨਿਗਮ, ਨਗਰ ਕੌਂਸਲ ਗੁਰੂ ਹਰਸਹਾਏ ਤੇ ਜਲਾਲਾਬਾਦ ਅਤੇ ਮਮਦੋਟ ਨਗਰ ਪੰਚਾਇਤ ਦੇ ਮੈਂਬਰਾਂ ਦੀ ਚੋਣ ਲਈ, ਆਮ ਚੋਣਾਂ ਕਰਵਾਉਣ ਸਬੰਧੀ ਪ੍ਰੋਗਰਾਮ ਦਾ ਐਲਾਨ I

- ਪੰਜਾਬ ਸਰਕਾਰ ਵੱਲੋਂ 2 ਹਜ਼ਾਰ 437 ਅਪ੍ਰੈਂਟਿਸ ਟ੍ਰੇਨੀਜ਼ ਨੂੰ, PSPCL ਵਿੱਚ ਸਹਾਇਕ ਲਾਈਨਮੈਨ ਵਜੋਂ ਭਰਤੀ ਕਰਨ ਦਾ ਫੈਸਲਾ I
- -ਭਾਰਤ ਅਤੇ ਅਫਗਾਨਿਸਤਾਨ ਵਿਚਕਾਰ ਤੀਜਾ ਅਤੇ ਆਖਰੀ ਇਕ ਰੋਜ਼ਾ ਕ੍ਰਿਕਟ ਮੈਚ ਅੱਜ ਚੇਨਈ ਵਿੱਚ ਖੇਡਿਆ ਜਾ ਰਿਹਾ ਏ।

---

ਅੰਤਰਰਾਸ਼ਟਰੀ ਯੋਗ ਦਿਵਸ 2026 ਭਲਕੇ ਵਿਸ਼ਵ ਪੱਧਰ 'ਤੇ ਮਨਾਇਆ ਜਾਵੇਗਾ। ਇਸ ਸਾਲ 12ਵਾਂ ਅੰਤਰਰਾਸ਼ਟਰੀ ਯੋਗ ਦਿਵਸ ਏ ਜਿਸਦਾ ਵਿਸ਼ਾ ਏ "ਵਧਦੀ ਉਮਰ ਦੇ ਪ੍ਰਭਾਵ ਨੂੰ ਰੋਕਣ ਲਈ ਯੋਗ. ਇਹ ਵਿਸ਼ਾ ਉਮਰ ਦੇ ਵਧਣ ਦੇ ਨਾਲ ਨਾਲ ਤੰਦਰੁਸਤ, ਸਰਗਰਮ ਅਤੇ ਸਨਮਾਨਿਤ ਜੀਵਨ ਜੀਉਣ ਲਈ ਯੋਗ ਦਾ ਸਾਰੀ ਜ਼ਿੰਦਗੀ ਅਭਿਆਸ ਕਰਨ ਦੇ ਮਹਤਵ ‘ਤੇ ਜ਼ੋਰ ਦਏਗਾ. ਅੰਤਰਰਾਸ਼ਟਰੀ ਯੋਗ ਦਿਵਸ 2026 ਦਾ ਮੁੱਖ ਸਮਾਗਮ ਪੱਛਮੀ ਬੰਗਾਲ ਦੇ ਕੋਲਕਾਤਾ ਦੇ ਇਤਿਹਾਸਕ ਰੈੱਡ ਰੋਡ 'ਤੇ ਕਰਾਇਆ ਜਾਵੇਗਾ ਜਿੱਥੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਸਾਂਝੇ ਯੋਗ ਅਭਿਆਸ ਵਿੱਚ ਰਾਸ਼ਟਰ ਦੀ ਅਗਵਾਈ ਕਰਨਗੇ।

ਪੇਸ਼ ਏ ਇੱਕ ਰਿਪੋਰਟ –

ਸੱਭਿਆਚਾਰ ਮੰਤਰਾਲਾ, ਦੇਸ਼ ਦੀਆਂ 100 ਖਾਸ ਥਾਵਾਂ 'ਤੇ ਵਿਸ਼ੇਸ਼ ਯੋਗਾ ਸਮਾਰੋਹ ਕਰਾ ਰਿਹਾ ਏ, ਜੋ ਭਾਰਤ ਦੇ ਅਮੀਰ ਸੱਭਿਆਚਾਰਕ ਵਿਰਸੇ,

ਇਤਿਹਾਸਕ ਸਥਾਨਾਂ ਅਤੇ ਯੋਗ ਰਵਾਇਤਾਂ ਨੂੰ ਜੋੜਦਾ ਏ । ਇਸ ਪਹਿਲਕਦਮੀ ਦੇ ਹਿੱਸੇ ਵਜੋਂ, ਨਵੀਂ ਦਿੱਲੀ ਵਿੱਚ ਲਾਲ ਕਿਲ੍ਹੇ ਸਮੇਤ ਬਾਰਾਂ ਪ੍ਰਮੁੱਖ ਸਥਾਨਾਂ 'ਤੇ ਵੱਡੇ ਸਮਾਰੋਹ ਕਰਾਏ ਜਾਣਗੇ। ਭਾਰਤੀ ਸੱਭਿਆਚਾਰਕ ਸਬੰਧਾਂ ਦੀ ਪ੍ਰੀਸ਼ਦ ਦੇ ਤਾਲਮੇਲ ਨਾਲ, ਵਿਦੇਸ਼ਾਂ ਵਿੱਚ 210 ਤੋਂ ਵੱਧ ਭਾਰਤੀ ਮਿਸ਼ਨ ਦੁਨੀਆ ਭਰ ਵਿੱਚ ਲਗਭਗ 2 ਹਜ਼ਾਰ 500 ਸਥਾਨਾਂ 'ਤੇ ਯੋਗ ਸਮਾਗਮ ਕਰਾਉਣ ਗੇ । ਕੋਲਕਾਤਾ ਦੇ ਰੈੱਡ ਰੋਡ 'ਤੇ ਰਾਸ਼ਟਰੀ ਸਮਾਰੋਹ ਸਵੇਰੇ 5:00 ਵਜੇ ਸ਼ੁਰੂ ਹੋਵੇਗਾ, ਜਿਸ ਵਿੱਚ ਹਜ਼ਾਰਾਂ ਯੋਗ ਪ੍ਰੇਮੀਆਂ ਦੀ ਹਿੱਸੇਦਾਰੀ ਦਖਣ ਨੂੰ ਮਿਲੇਗੀ, ਜਦੋਂ ਕਿ ਲੱਖਾਂ ਨਾਗਰਿਕਾਂ ਦੇ ਭਾਰਤ ਅਤੇ ਵਿਦੇਸ਼ਾਂ ਤੋਂ ਵਰਚੁਅਲੀ ਸ਼ਾਮਲ ਹੋਣ ਦੀ ਉਮੀਦ ਏ । ਇਹ ਸਮਾਗਮ ਸਿਹਤ, ਸਦਭਾਵਨਾ ਅਤੇ ਸਮੂਹਿਕ ਤੰਦਰੁਸਤੀ ਨੂੰ ਉਤਸ਼ਾਹਿਤ ਕਰਨ ਵਾਲੀ ਇੱਕ ਵਿਸ਼ਵਵਿਆਪੀ ਲਹਿਰ ਵਜੋਂ ਯੋਗਾ ਦੀ ਵਧਦੀ ਭੂਮਿਕਾ ਦੀ ਪੁਸ਼ਟੀ ਕਰੇਗਾ। ਬਿਉਰੋ ਰਿਪੋਰਟ ਨਾਲ ਮੈਂ ਸਰਬਜੀਤ ਕੌਰ, ਆਕਾਸ਼ਵਾਣੀ ਖਬਰਾਂ, ਜਲੰਧਰ.

---------------------------------------------------------------------

ਕੇਂਦਰੀ ਸੂਚਨਾ ਅਤੇ ਪ੍ਰਸਾਰਣ ਮੰਤਰਾਲੇ ਦੇ ਕੇਂਦਰੀ ਸੰਚਾਰ ਬਿਊਰੋ, ਜਲੰਧਰ ਵੱਲੋਂ ਅੰਤਰਾਸ਼ਟਰੀ ਯੋਗ ਦਿਵਸ ਦੇ ਸਿਲਸਿਲੇ 'ਚ ਡੀ.ਏ.ਵੀ. ਕਾਲਜ, ਜਲੰਧਰ ਵਿਖੇ ਇੱਕ ਜਾਗਰੂਕਤਾ ਪ੍ਰੋਗਰਾਮ ਦਾ ਆਯੋਜਨ ਕੀਤਾ

ਗਿਆ। ਇਸ ਯੋਗ ਸੈਸ਼ਨ ਵਿੱਚ 200 ਤੋਂ ਵੱਧ ਵਿਦਿਆਰਥੀਆਂ ਅਤੇ ਅਧਿਆਪਕਾਂ ਨੇ ਹਿੱਸਾ ਲਿਆ। ਯੋਗ ਸੈਸ਼ਨ ਦੀ ਅਗਵਾਈ ਯੋਗ ਇੰਸਟ੍ਰਕਟਰ ਸ਼ੈਲੇਸ਼ ਜੈਨ ਅਤੇ ਜੈ ਮਿੱਤਲ ਨੇ ਕੀਤੀ । ਉਨ੍ਹਾਂ ਆਯੁਸ਼ ਮੰਤਰਾਲੇ ਵੱਲੋਂ ਨਿਰਧਾਰਤ ਯੋਗ ਪ੍ਰੋਟੋਕੋਲ ਮੁਤਾਬਿਕ ਸਿਖਲਾਈ ਦਿੰਦਿਆਂ ਸੰਤੁਲਨ ਅਤੇ ਤਣਾਅ ਤੋਂ ਰਾਹਤ ਲਈ ਵੱਖ-ਵੱਖ ਯੋਗ ਆਸਣਾਂ ਅਤੇ ਪ੍ਰਾਣਾਯਾਮ ਕਰਵਾਏ। ਕਾਲਜ ਦੇ ਪ੍ਰਿੰਸੀਪਲ ਡਾ. ਅਨੂਪ ਕੁਮਾਰ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਵਿਦਿਆਰਥੀ ਜੀਵਨ ਵਿੱਚ ਯੋਗ ਦੀ ਮਹੱਤਤਾ ‘ਤੇ ਜ਼ੋਰ ਦਿੱਤਾ। ਉਨ੍ਹਾਂ ਵਿਦਿਆਰਥੀਆਂ ਨੂੰ ਲੰਬੇ ਸਮੇਂ ਦੀ ਸਿਹਤ ਅਤੇ ਤੰਦਰੁਸਤੀ ਲਈ ਯੋਗ ਨੂੰ ਆਪਣੀ ਰੋਜ਼ਮਰਾ ਦਾ ਹਿੱਸਾ ਬਣਾਉਣ ਦੀ ਸਲਾਹ ਦਿੱਤੀ। ਉਨ੍ਹਾਂ ਪ੍ਰੋਗਰਾਮ ਦੇ ਆਯੋਜਨ ਲਈ ਸੂਚਨਾ ਅਤੇ ਪ੍ਰਸਾਰਣ ਮੰਤਰਾਲੇ ਦੇ ਯਤਨਾਂ ਦੀ ਵੀ ਸ਼ਲਾਘਾ ਕੀਤੀ। ਕੇਂਦਰੀ ਸੰਚਾਰ ਬਿਊਰੋ ਦੀ ਨੁਮਾਇੰਦਗੀ ਕਰਦੇ ਹੋਏ ਗੁਰਕਮਲ ਸਿੰਘ ਨੇ ਦੱਸਿਆ ਕਿ ਕੇਂਦਰੀ ਸੰਚਾਰ ਬਿਊਰੋ ਲੋਕਾਂ ਤੱਕ ਕੇਂਦਰ ਸਰਕਾਰ ਦੀਆਂ ਵੱਖ-ਵੱਖ ਯੋਜਨਾਵਾਂ ਬਾਰੇ ਜਾਣਕਾਰੀ ਪਹੁੰਚਾਉਣ ਵਾਲੀ ਨੋਡਲ ਏਜੰਸੀ ਵਜੋਂ ਕੰਮ ਕਰਦੀ ਏ ।

---------------------------------------------------------------------

ਭਾਰਤੀ ਜਨਤਾ ਪਾਰਟੀ ਦੇ ਕੌਮੀ ਪ੍ਰਧਾਨ ਨਿਤਿਨ ਨਵੀਨ ਨੇ ਅੱਜ ਅੰਮ੍ਰਿਤਸਰ 'ਚ BJP ਆਗੂਆਂ ਅਤੇ ਵਰਕਰਾਂ ਨਾਲ ਇੱਕ ਮੀਟਿੰਗ

ਕੀਤੀ। ਇਸ ਤੋਂ ਬਾਅਦ ਸ੍ਰੀ ਨਵੀਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋਏ ਅਤੇ ਗੁਰੂ ਘਰ ਵਿੱਚ ਦੇਸ਼ ਅਤੇ ਪੰਜਾਬ ਦੀ ਖੁਸ਼ਹਾਲੀ, ਅਮਨ-ਸ਼ਾਂਤੀ ਅਤੇ ਤਰੱਕੀ ਲਈ ਅਰਦਾਸ ਕੀਤੀ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਅਧਿਕਾਰੀਆਂ ਵੱਲੋਂ ਉਨ੍ਹਾਂ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਕਿਹਾ ਕਿ ਸ੍ਰੀ ਹਰਿਮੰਦਰ ਸਾਹਿਬ ਦਾ ਇਤਿਹਾਸ ਅਤੇ ਮਹੱਤਤਾ ਪੰਜਾਬ ਨੂੰ ਸਿਰਫ਼ ਦੇਸ਼ ਹੀ ਨਹੀਂ ਸਗੋਂ ਦੁਨੀਆ ਭਰ ਵਿੱਚ ਵਿਲੱਖਣ ਪਹਿਚਾਣ ਦਿੰਦੀ ਏ । ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ ਦੇਸ਼ ਤੇਜ਼ੀ ਨਾਲ ਵਿਕਾਸ ਦੇ ਰਾਹ 'ਤੇ ਅੱਗੇ ਵੱਧ ਰਿਹਾ ਏ ਅਤੇ ਉਨ੍ਹਾਂ ਦੀ ਕਾਮਨਾ ਏ ਕਿ ਪੰਜਾਬ ਵੀ ਉਸੇ ਤਰ੍ਹਾਂ ਤਰੱਕੀ ਕਰੇ।

BYTE:RNU200626
PTC-MONGA

---

ਰਾਸ਼ਟਰੀ ਪ੍ਰੀਖਿਆ ਏਜੰਸੀ- NTA ਨੇ ਕਿਹਾ ਏ ਕਿ ਉਹ ਕੱਲ੍ਹ ਹੋਣ ਵਾਲੀ NEET UG 2026 ਦੀ ਮੁੜ ਪ੍ਰੀਖਿਆ ਦੇ ਸੁਚਾਰੂ, ਨਿਰਪੱਖ ਅਤੇ ਪਾਰਦਰਸ਼ੀ ਸੰਚਾਲਨ ਲਈ ਪੂਰੀ ਤਰ੍ਹਾਂ ਤਿਆਰ ਏ। ਇੱਕ ਬਿਆਨ ਵਿੱਚ, NTA ਨੇ ਕਿਹਾ ਕਿ ਇਹ ਪ੍ਰੀਖਿਆ ਭਾਰਤ ਦੇ 551 ਸ਼ਹਿਰਾਂ ਅਤੇ ਵਿਦੇਸ਼ਾਂ ਦੇ 14 ਕੇਂਦਰਾਂ ਵਿੱਚ, 22 ਲੱਖ 79 ਹਜ਼ਾਰ ਤੋਂ ਵੱਧ

ਉਮੀਦਵਾਰਾਂ ਲਈ ਕਰਵਾਈ ਜਾਵੇਗੀ। ਏਜੰਸੀ ਨੇ ਕਿਹਾ ਕਿ ਆਬਜ਼ਰਵਰ, ਕੋਆਰਡੀਨੇਟਰ, ਪੁਲਿਸ ਬਲ ਅਤੇ ਪ੍ਰਸ਼ਾਸਕਾਂ ਸਮੇਤ ਦੋ ਲੱਖ ਤੋਂ ਵੱਧ ਮੁਲਾਜ਼ਮ ਤਾਇਨਾਤ ਕੀਤੇ ਗਏ ਨੇ. NTA ਨੇ ਕਿਹਾ ਏ ਨਿਰਪੱਖ ਅਤੇ ਪਾਰਦਰਸ਼ੀ ਪ੍ਰੀਖਿਆ ਨੂੰ ਯਕੀਨੀ ਬਣਾਉਣ ਲਈ ਬਹੁ-ਪੱਧਰੀ ਸੁਰੱਖਿਆ ਢਾਂਚਾ ਸਥਾਪਤ ਕੀਤਾ ਗਿਆ ਏ। ਰਾਸ਼ਟਰੀ ਪ੍ਰੀਖਿਆ ਏਜੰਸੀ- ਕੱਲ੍ਹ ਹੋਣ ਵਾਲੀ NEET-UG 2026 ਦੀ ਮੁੜ ਪ੍ਰੀਖਿਆ ਦੀਆਂ ਤਿਆਰੀਆਂ ਦੇ ਹਿੱਸੇ ਵਜੋਂ ਅੱਜ ਇੱਕ ਦੇਸ਼ ਵਿਆਪੀ ਮੌਕ ਡ੍ਰਿਲ ਕਰਾਈ । ਇਹ ਅਭਿਆਸ, ਸਵੇਰੇ 9 ਵਜੇ ਸ਼ੁਰੂ ਹੋਇਆ ਅਤੇ ਦਿਨ ਭਰ ਜਾਰੀ ਰਿਹਾ । ਦੇਸ਼ ਭਰ ਦੇ ਪ੍ਰੀਖਿਆ ਕੇਂਦਰਾਂ ਵਿੱਚ ਕੀਤੇ ਜਾ ਰਹੇ ਇਸ ਅਭਿਆਸ ਵਿੱਚ, ਢਾਈ ਲੱਖ ਤੋਂ ਵੱਧ ਸੁਰੱਖਿਆ ਮੁਲਾਜ਼ਮਾਂ ਨੇ ਹਿੱਸਾ ਲਿਆ ।

--------------------------------------------------------------------

ਪੰਜਾਬ ਚੋਣ ਕਮਿਸ਼ਨ ਨੇ ਨਗਰ ਨਿਗਮ ਹੁਸ਼ਿਆਰਪੁਰ, ਜ਼ਿਲ੍ਹਾ ਫਿਰੋਜ਼ਪੁਰ ਦੀ ਨਗਰ ਕੌਂਸਲ, ਗੁਰੂ ਹਰ ਸਹਾਏ, ਤੇ ਨਗਰ ਕੌਂਸਲ, ਜਲਾਲਾਬਾਦ ਅਤੇ ਮਮਦੋਟ ਨਗਰ ਪੰਚਾਇਤ ਦੇ ਮੈਂਬਰਾਂ ਦੀ ਚੋਣ ਲਈ, ਆਮ ਚੋਣਾਂ ਕਰਵਾਉਣ ਸਬੰਧੀ ਪ੍ਰੋਗਰਾਮ ਦਾ ਐਲਾਨ ਕਰ ਦਿੱਤਾ ਏ I ਚੋਣ ਪ੍ਰੋਗਰਾਮ ਮੁਤਾਬਿਕ ਨਾਮਜ਼ਦਗੀ ਪੱਤਰ ਦਾਖਲ ਕਰਨ ਦੀ ਮਿਆਦ 22 ਜੂਨ ਸਵੇਰੇ 11 ਵਜੇ ਤੋਂ ਦੁਪਹਿਰ 3 ਵਜੇ ਤੱਕ ਏ ਅਤੇ

ਇਸ ਸਬੰਧੀ ਪ੍ਰਕਿਰਿਆ  ਸਬੰਧਤ ਰਿਟਰਨਿੰਗ ਅਫਸਰ ਦੇ ਦਫ਼ਤਰ ਵਿੱਚ ਸ਼ੁਰੂ ਹੋਵੇਗੀ। ਨਾਮਜ਼ਦਗੀਆਂ ਦਾਖਲ ਕਰਨ ਦੀ ਆਖਰੀ ਤਰੀਕ 25 ਜੂਨ ਅਤੇ  ਨਾਮਜ਼ਦਗੀਆਂ ਦੀ ਜਾਂਚ 26 ਜੂਨ ਨੂੰ ਹੋਵੇਗੀ। ਨਾਮਜ਼ਦਗੀਆਂ ਵਾਪਸ ਲੈਣ ਦੀ ਆਖਰੀ ਤਰੀਕ  27 ਜੂਨ ਏ । ਇਨ੍ਹਾਂ ਨਗਰ ਨਿਗਮਾਂ ਵਿੱਚ 5 ਜੁਲਾਈ  ਨੂੰ ਸਵੇਰੇ  8 ਵਜੇ ਤੋਂ ਸ਼ਾਮ 4 ਵਜੇ ਤੱਕ ਵੋਟਾਂ ਪੈਣਗੀਆਂ। ਵੋਟਿੰਗ ਈ.ਵੀ.ਐਮ. ਰਾਹੀਂ ਕੀਤੀ ਜਾਵੇਗੀ। ਵੋਟਾਂ ਦੀ ਗਿਣਤੀ ਵੋਟਿੰਗ ਪੂਰੀ ਹੋਣ ਤੋਂ ਤੁਰੰਤ ਬਾਅਦ ਉਸੇ ਦਿਨ ਪੋਲਿੰਗ ਸਟੇਸ਼ਨ ’ਤੇ ਹੀ ਹੋਵੇਗੀ। ਕਮਿਸ਼ਨ ਵੱਲੋਂ ਇਨ੍ਹਾਂ ਚੋਣਾਂ ਨੂੰ ਆਜ਼ਾਦ ਨਿਰਪੱਖ ਅਤੇ ਸ਼ਾਂਤੀਪੂਰਨ ਢੰਗ ਨਾਲ ਕਰਵਾਉਣ ਲਈ ਸਾਰੇ ਪ੍ਰਬੰਧ ਕੀਤੇ ਨੇ । ਚੋਣ ਪ੍ਰੋਗਰਾਮ ਦੇ ਐਲਾਨ ਦੇ ਨਾਲ ਹੀ ਨਗਰ ਕੌਂਸਲਾਂ ਦੇ ਅਧਿਕਾਰ ਖੇਤਰ ਵਿੱਚ ਚੋਣ ਜ਼ਾਬਤਾ ਤੁਰੰਤ ਪ੍ਰਭਾਵ ਨਾਲ ਲਾਗੂ ਹੋ ਗਿਆ ਏ , ਜੋ ਚੋਣ ਪ੍ਰਕਿਰਿਆ ਦੇ ਪੂਰਾ ਹੋਣ ਤੱਕ ਲਾਗੂ ਰਹੇਗਾ।

---------------------------------------------------------------------------------

ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਕਿਹਾ ਕਿ ਜ਼ਿਲ੍ਹਾ ਸੰਗਰੂਰ ਦੇ ਅਜਾਇਬ ਘਰ ਨੂੰ ਹੋਰ ਵਿਕਸਤ ਕਰਨ ਲਈ ਵਿਸ਼ੇਸ਼ ਉਪਰਾਲੇ ਕੀਤੇ ਜਾਣਗੇ। ਬੀਤੇ ਕੱਲ ਆਪਣੇ ਸੰਗਰੂਰ ਦੌਰੇ ਦੌਰਾਨ, ਜ਼ਿਲ੍ਹੇ ਦੀ ਇਤਿਹਾਸਕ ਅਤੇ ਸੱਭਿਆਚਾਰਕ ਵਿਰਾਸਤ ਦੀ ਸੰਭਾਲ ਅਤੇ ਵਿਕਾਸ ਪ੍ਰਤੀ ਆਪਣੀ ਵਚਨਬੱਧਤਾ ਜਤਾਉਂਦਿਆਂ ਉਨ੍ਹਾਂ ਕਿਹਾ ਕਿ ਇਹ

ਅਜਾਇਬ ਘਰ ਸੰਗਰੂਰ ਅਤੇ ਪੰਜਾਬ ਦੇ ਸ਼ਾਨਦਾਰ ਇਤਿਹਾਸ, ਰਵਾਇਤਾਂ ਅਤੇ ਵਿਰਾਸਤ ਨੂੰ ਸੰਭਾਲਣ ਦਾ ਇੱਕ ਮਹੱਤਵਪੂਰਨ ਕੇਂਦਰ ਏ ਅਤੇ ਇਸ ਨੂੰ ਹੋਰ ਆਧੁਨਿਕ, ਸੁਵਿਧਾਜਨਕ ਅਤੇ ਲੋਕਾਂ ਲਈ ਆਕਰਸ਼ਕ ਬਣਾਉਣ ਲਈ ਲੋੜੀਂਦੇ ਕਦਮ ਚੁੱਕੇ ਜਾਣਗੇ। ਰਾਜਪਾਲ ਨੇ ਜ਼ਿਲ੍ਹਾ ਅਜਾਇਬ ਘਰ ਦਾ ਦੌਰਾ ਕਰਦਿਆਂ ਉਥੇ ਪੁਰਾਤਨ ਵਸਤਾਂ, ਦੁਰਲੱਭ ਦਸਤਾਵੇਜ਼ਾਂ, ਇਤਿਹਾਸਕ ਤਸਵੀਰਾਂ ਦਾ ਧਿਆਨ ਨਾਲ ਅਧਿਐਨ ਕੀਤਾ। ਉਨ੍ਹਾਂ ਕਿਹਾ ਕਿ ਅਜਿਹੇ ਅਜਾਇਬ ਘਰ ਸਿਰਫ਼ ਪੁਰਾਣੀਆਂ ਯਾਦਾਂ ਦੀ ਸੰਭਾਲ ਨਹੀਂ ਕਰਦੇ, ਸਗੋਂ ਨਵੀਂ ਪੀੜ੍ਹੀ ਨੂੰ ਆਪਣੇ ਵਿਰਸੇ ਅਤੇ ਇਤਿਹਾਸ ਨਾਲ ਜੋੜਨ ਦਾ ਵੀ ਮਹੱਤਵਪੂਰਨ ਸਾਧਨ ਨੇ । ਉਨ੍ਹਾਂ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਅਜਾਇਬ ਘਰ ਵਿੱਚ ਡਿਜੀਟਲ ਪ੍ਰਦਰਸ਼ਨੀਆਂ, ਆਡੀਓ-ਵਿਜ਼ੂਅਲ ਸਹੂਲਤਾਂ ਅਤੇ ਹੋਰ ਸੁਧਾਰਾਂ ਰਾਹੀਂ ਇਸ ਨੂੰ ਹੋਰ ਪ੍ਰਭਾਵਸ਼ਾਲੀ ਬਣਾਇਆ ਜਾਵੇ। ਉਨ੍ਹਾਂ ਬਨਾਸਰ ਬਾਗ਼ ਸਥਿਤ ਇਤਿਹਾਸਕ ਬਾਰਾਂਦਰੀ ਦੀ ਸੰਭਾਲ ਸਬੰਧੀ ਵਿਸਥਾਰ ਨਾਲ ਜਾਣਕਾਰੀ ਲਈ। ਉਨ੍ਹਾਂ ਕਿਹਾ ਕਿ ਅਜਿਹੀਆਂ ਵਿਰਾਸਤੀ ਇਮਾਰਤਾਂ ਨੂੰ ਸੰਭਾਲਣਾ ਸਾਡੀ ਸਾਂਝੀ ਜ਼ਿੰਮੇਵਾਰੀ ਹੈ।

---

ਪੰਜਾਬ ਸਰਕਾਰ ਨੇ ਪੰਜਾਬ ਰਾਜ ਬਿਜਲੀ ਕਾਰਪੋਰੇਸ਼ਨ ਲਿਮਟਿਡ-PSPCL ਵਿੱਚ 2 ਹਜ਼ਾਰ 437 ਅਪ੍ਰੈਂਟਿਸ ਟ੍ਰੇਨੀਜ਼ ਨੂੰ ਸਹਾਇਕ

ਲਾਈਨਮੈਨ ਵਜੋਂ ਭਰਤੀ ਕਰਨ ਦਾ ਫੈਸਲਾ ਕੀਤਾ ਏ । ਇਹ ਐਲਾਨ ਅੱਜ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਪੰਜਾਬ ਭਵਨ ਵਿਖੇ ਇੱਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਕੀਤਾ। ਇਹ ਫੈਸਲੇ ਨਾਲ ਅਪ੍ਰੈਂਟਿਸ ਟ੍ਰੇਨੀਜ਼ ਦੀ ਲੰਬੇ ਸਮੇਂ ਤੋਂ ਚੱਲੀ ਆ ਰਹੀ ਮੰਗ ਪੂਰੀ ਹੋਵੇਗੀ । ਵਿੱਤ ਮੰਤਰੀ ਨੇ ਦੱਸਿਆ ਕਿ ਪੀ.ਐਸ.ਪੀ.ਸੀ.ਐਲ ਦੇ ਬੋਰਡ ਆਫ਼ ਡਾਇਰੈਕਟਜ਼ ਨੇ ਪੰਜਾਬ ਦੇ ਐਡਵੋਕੇਟ ਜਨਰਲ ਦੀ ਸਲਾਹ 'ਤੇ ਵਿਚਾਰ ਕਰਦਿਆਂ 2,437 ਅਪ੍ਰੈਂਟਿਸ ਟ੍ਰੇਨੀਜ਼ ਨੂੰ ਸਹਾਇਕ ਲਾਈਨਮੈਨ ਵਜੋਂ ਭਰਤੀ ਕਰਨ ਦੀ ਪ੍ਰਵਾਨਗੀ ਦੇ ਦਿੱਤੀ ਏ । ਜ਼ਿਕਰਯੋਗ ਏ ਕਿ ਇਹ ਟ੍ਰੇਨੀਜ਼ ਇਸ ਸਮੇਂ PSPCL ਅਤੇ ਪੰਜਾਬ ਰਾਜ ਟ੍ਰਾਂਸਮਿਸ਼ਨ ਕਾਰਪੋਰੇਸ਼ਨ ਲਿਮਟਿਡ ਵਿੱਚ ਲਾਈਨਮੈਨ ਟਰੇਡ ਵਿੱਚ ਅਪ੍ਰੈਂਟਿਸਸ਼ਿਪ ਟ੍ਰੇਨਿੰਗ ਲੈ ਰਹੇ ਨੇ । ਉਨ੍ਹਾਂ ਕਿਹਾ ਕਿ PSPCL ਇਨਾ ਟ੍ਰੇਨੀਜ਼ ਲਈ ਇੱਕ ਵਾਰ ਦੀ ਛੋਟ ਵਜੋਂ ਪੰਜਾਬੀ ਭਾਸ਼ਾ ਦੀ ਲਾਜ਼ਮੀ ਪ੍ਰੀਖਿਆ ਕਰਵਾਏਗਾ। ਪ੍ਰੀਖਿਆ ਪ੍ਰੋਗਰਾਮ ਬਾਰੇ ਸਮੇਂ ਸਿਰ PSPCL ਦੀ ਅਧਿਕਾਰਤ ਵੈੱਬਸਾਈਟ 'ਤੇ ਸੂਚਿਤ ਕੀਤਾ ਜਾਵੇਗਾ, ਜਿਸ ਤੋਂ ਬਾਅਦ ਇਸ ਪ੍ਰਕਿਰਿਆ ਨੂੰ ਅੱਗੇ ਵਧਾਇਆ ਜਾਵੇਗਾ।

---------------------------------------------------------------------------

ਪੰਜਾਬ ਰਾਜ ਖੁਰਾਕ ਕਮਿਸ਼ਨ ਦੇ ਮੈਂਬਰ ਵਿਜੇ ਦੱਤ ਨੇ ਪਠਾਨਕੋਟ ਜ਼ਿਲ੍ਹੇ ਦਾ ਦੋ ਦਿਨਾਂ ਦੌਰਾ ਕਰਦਿਆਂ ਵੱਖ-ਵੱਖ ਵਾਜਬ ਕੀਮਤ ਦੀਆਂ ਦੁਕਾਨਾਂ ਦਾ ਨਿਰੀਖਣ ਕੀਤਾ ਅਤੇ ਰਾਸ਼ਟਰੀ ਖੁਰਾਕ ਸੁਰੱਖਿਆ ਐਕਟ ਤਹਿਤ ਲਾਭਪਾਤਰੀਆਂ ਨੂੰ ਸਪਲਾਈ ਕੀਤੇ ਜਾ ਰਹੇ ਅਨਾਜ ਦੀ ਗੁਣਵੱਤਾ, ਉਪਲਬਧਤਾ ਅਤੇ ਵੰਡ ਦੀ ਸਮੀਖਿਆ ਕੀਤੀ । ਉਨ੍ਹਾਂ ਧਾਰ ਬਲਾਕ ਦੇ ਪਿੰਡ ਜੰਡਵਾਲ, ਭਟਵਾਨ, ਸਰਤੀ ਅਤੇ ਦੁਨੇਰਾ ਸਥਿਤ ਦੁਕਾਨਾਂ ਦਾ ਨਿਰੀਖਣ ਕੀਤਾ। ਉਨ੍ਹਾਂ ਵੰਡ ਰਿਕਾਰਡਾਂ ਦੀ ਜਾਂਚ, ਈ-ਪੀ.ਓ.ਐਸ ਮਸ਼ੀਨਾਂ ਦੇ ਕੰਮਕਾਜ ਦੀ ਸਮੀਖਿਆ ਅਤੇ ਲਾਭਪਾਤਰੀਆਂ ਨਾਲ ਸਿੱਧੇ ਤੌਰ 'ਤੇ ਗੱਲਬਾਤ ਕੀਤੀ ਤਾਂ ਜੋ ਉਨ੍ਹਾਂ ਨੂੰ ਦਿੱਤੀਆਂ ਜਾ ਰਹੀਆਂ ਸਹੂਲਤਾਂ ਅਤੇ ਉਨ੍ਹਾਂ ਨੂੰ ਦਰਪੇਸ਼ ਚੁਣੌਤੀਆਂ ਨੂੰ ਸਮਝਿਆ ਜਾ ਸਕੇ। ਵਿਜੇ ਦੱਤ ਨੇ ਕਿਹਾ ਕਿ ਪੰਜਾਬ ਰਾਜ ਖੁਰਾਕ ਕਮਿਸ਼ਨ ਦਾ ਮੁੱਖ ਉਦੇਸ਼ ਇਹ ਯਕੀਨੀ ਬਣਾਉਣਾ ਏ ਕਿ ਹਰੇਕ ਯੋਗ ਲਾਭਪਾਤਰੀ ਨੂੰ ਰਾਸ਼ਟਰੀ ਖੁਰਾਕ ਸੁਰੱਖਿਆ ਐਕਟ ਅਧੀਨ ਆਪਣਾ ਹੱਕ ਸਮੇਂ ਸਿਰ ਮਿਲੇ। ਉਨ੍ਹਾਂ ਕਿਹਾ ਕਿ ਕਮਿਸ਼ਨ ਖੁਰਾਕ ਸੁਰੱਖਿਆ ਸਕੀਮਾਂ ਦੇ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਦੀ ਨਿਗਰਾਨੀ ਲਈ ਰਾਜ ਭਰ ਵਿੱਚ ਨਿਯਮਿਤ ਤੌਰ 'ਤੇ ਫੀਲਡ ਨਿਰੀਖਣ ਕਰ ਰਿਹਾ ਏ । ਉਨ੍ਹਾਂ ਰਾਸ਼ਨ ਦੀ ਗੁਣਵੱਤਾ, ਵੰਡ ਪ੍ਰਕਿਰਿਆ ਅਤੇ ਹੋਰ ਸਬੰਧਤ ਸੇਵਾਵਾਂ ਬਾਰੇ ਲਾਭਪਾਤਰੀਆਂ ਤੋਂ ਫੀਡਬੈਕ ਵੀ ਮੰਗਿਆ। ਲਾਭਪਾਤਰੀਆਂ ਨੇ

ਮੌਜੂਦਾ ਪ੍ਰਣਾਲੀ ਨਾਲ ਸੰਤੁਸ਼ਟੀ ਪ੍ਰਗਟ ਕੀਤੀ, ਕੁਝ ਨੇ ਸਥਾਨਕ ਚਿੰਤਾਵਾਂ ਅਤੇ ਸੁਝਾਅ ਸਾਂਝੇ ਕੀਤੇ। ਉਨ੍ਹਾਂ ਸਬੰਧਤ ਅਧਿਕਾਰੀਆਂ ਨੂੰ ਸਾਰੀਆਂ ਸ਼ਿਕਾਇਤਾਂ ਅਤੇ ਸੁਝਾਵਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰਨ ਦੇ ਨਿਰਦੇਸ਼ ਦਿੱਤੇ।

---------------------------------------------------------------------------

ਪੰਜਾਬ ਸਰਕਾਰ ਦੀ ਵਿਧਵਾ ਅਤੇ ਬੇਆਸਰਾ ਮਹਿਲਾਵਾਂ ਲਈ ਪੈਨਸ਼ਨ ਯੋਜਨਾ ਸੂਬੇ ਦੀਆਂ ਲੱਖਾਂ ਮਹਿਲਾਵਾਂ ਲਈ ਆਰਥਿਕ ਸੁਰੱਖਿਆ ਅਤੇ ਸਨਮਾਨ ਦਾ ਅਹਿਮ ਆਧਾਰ ਬਣ ਰਹੀ ਏ । ਕੀਤਾ। ਸਮਾਜਿਕ ਸੁਰੱਖਿਆ, ਮਹਿਲਾ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਮਈ ਮਹੀਨੇ ਤੱਕ ਵਿਧਵਾ ਅਤੇ ਬੇਆਸਰਾ ਮਹਿਲਾਵਾਂ ਲਈ ਚਲਾਈ ਜਾ ਰਹੀ ਇਸ ਯੋਜਨਾ ਤਹਿਤ 305 ਕਰੋੜ ਰੁਪਏ ਤੋਂ ਵੱਧ ਦੀ ਰਕਮ ਜਾਰੀ ਕੀਤੀ ਜਾ ਚੁੱਕੀ ਏ । ਉਨ੍ਹਾਂ ਕਿਹਾ ਕਿ ਸੂਬੇ ਭਰ ਵਿੱਚ 6 ਲੱਖ 91 ਹਜ਼ਾਰ ਤੋਂ ਵੱਧ ਮਹਿਲਾਵਾਂ ਇਸ ਯੋਜਨਾ ਦਾ ਲਾਭ ਪ੍ਰਾਪਤ ਕਰ ਰਹੀਆਂ ਨੇ, ਜਿਸ ਨਾਲ ਉਨ੍ਹਾਂ ਨੂੰ ਆਰਥਿਕ ਸੁਰੱਖਿਆ ਮਿਲ ਰਹੀ ਏ । ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਵਿੱਤੀ ਸਾਲ 2026-27 ਦੌਰਾਨ ਇਸ ਸਕੀਮ ਦੇ ਪ੍ਰਭਾਵਸ਼ਾਲੀ ਸੰਚਾਲਨ ਅਤੇ ਵੱਧ ਤੋਂ ਵੱਧ ਯੋਗ

ਮਹਿਲਾਵਾਂ ਤੱਕ ਲਾਭ ਪਹੁੰਚਾਉਣ ਲਈ 1200 ਕਰੋੜ ਰੁਪਏ ਤੋਂ ਵੱਧ ਦੀ ਰਾਸ਼ੀ ਦਾ ਉਪਬੰਧ ਕੀਤਾ ਗਿਆ ਏ। ਡਾ. ਬਲਜੀਤ ਕੌਰ ਨੇ ਦੱਸਿਆ ਕਿ ਇਹ ਸਕੀਮ 58 ਸਾਲ ਤੋਂ ਘੱਟ ਉਮਰ ਦੀਆਂ ਵਿਧਵਾ ਅਤੇ ਬੇਆਸਰਾ ਮਹਿਲਾਵਾਂ ਲਈ ਉਪਲਬਧ ਏ। ਇਸ ਤੋਂ ਇਲਾਵਾ, 30 ਸਾਲ ਜਾਂ ਇਸ ਤੋਂ ਵੱਧ ਉਮਰ ਦੀਆਂ ਅਣਵਿਆਹੀਆਂ ਮਹਿਲਾਵਾਂ ਵੀ ਇਸ ਦਾ ਲਾਭ ਲੈ ਸਕਦੀਆਂ ਹਨ। ਬਿਨੈਕਾਰ ਦੇ ਪਰਿਵਾਰ ਦੀ ਸਾਲਾਨਾ ਆਮਦਨ 60 ਹਜ਼ਾਰ ਰੁਪਏ ਤੋਂ ਵੱਧ ਨਹੀਂ ਹੋਣੀ ਚਾਹੀਦੀ। ਬਲਜੀਤ ਕੌਰ ਨੇ ਕਿਹਾ ਕਿ ਪੰਜਾਬ ਸਰਕਾਰ ਮਹਿਲਾਵਾਂ ਨੂੰ ਸੁਰੱਖਿਅਤ, ਸਨਮਾਨਜਨਕ ਅਤੇ ਬਿਹਤਰ ਜੀਵਨ ਦੇ ਮੌਕੇ ਪ੍ਰਦਾਨ ਕਰਨ ਲਈ ਲਗਾਤਾਰ ਕੰਮ ਕਰ ਰਹੀ ਏ ਤਾਂ ਜੋ ਹਰ ਮਹਿਲਾ ਆਤਮ-ਵਿਸ਼ਵਾਸ ਅਤੇ ਆਰਥਿਕ ਸਥਿਰਤਾ ਨਾਲ ਸਮਾਜ ਵਿੱਚ ਆਪਣੀ ਭੂਮਿਕਾ ਨਿਭਾ ਸਕੇ।

---

ਜਲੰਧਰ ਕਮਿਸ਼ਨਰੇਟ ਪੁਲਿਸ ਨੇ ਵੀ ਵਿਦੇਸ਼ੀ-ਅਧਾਰਤ ਹੈਂਡਲਰਾਂ ਨਾਲ ਜੁੜੇ ਇੱਕ ਗਿਰੋਹ ਦੇ ਚਾਰ ਮੈਂਬਰਾਂ ਨੂੰ 3 ਪਿਸਤੌਲਾਂ ਅਤੇ ਅਣਚਲੇ ਕਾਰਤੂਸਾਂ ਸਮੇਤ ਗ੍ਰਿਫ਼ਤਾਰ ਕੀਤਾ ਏ। ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਸੋਸ਼ਲ ਮੀਡੀਆ ਪਲੇਟਫਾਰਮ ਐਕਸ 'ਤੇ ਜਾਣਕਾਰੀ ਦਿੰਦਿਆਂ ਦਸਿਆ ਕਿ ਮੁਲਜ਼ਮ ਵਿਦੇਸ਼ੀ-ਅਧਾਰਤ ਹੈਂਡਲਰਾਂ ਦੇ ਨਿਰਦੇਸ਼ਾਂ 'ਤੇ ਕੰਮ ਕਰ ਰਹੇ ਸਨ ਅਤੇ ਜਲੰਧਰ ਅਤੇ ਸ਼ਹੀਦ ਭਗਤ

ਸਿੰਘ ਨਗਰ ਜ਼ਿਲ੍ਹਿਆਂ ਵਿੱਚ ਕਈ ਗੋਲੀਬਾਰੀ ਦੀਆਂ ਘਟਨਾਵਾਂ ਦੀ ਯੋਜਨਾਬੰਦੀ ਬਣਾਉਣ ਵਿੱਚ ਸ਼ਾਮਲ ਸਨ। ਜਲੰਧਰ ਕਮਿਸ਼ਨਰੇਟ ਵਿਖੇ ਮਾਮਲਾ ਦਰਜ ਕਰਕੇ ਅਗਲੇਰੀ ਜਾਂਚ ਕੀਤੀ ਜਾ ਰਹੀ ਏ।
----------------------------------------------------------------------

ਭਾਰਤ ਅਤੇ ਅਫਗਾਨਿਸਤਾਨ ਵਿਚਕਾਰ ਤੀਜਾ ਅਤੇ ਆਖਰੀ ਇੱਕ ਰੋਜ਼ਾ ਕ੍ਰਿਕੇਟ ਮੈਚ ਅੱਜ ਚੇਨਈ ਦੇ ਐਮ.ਏ ਚਿਦੰਬਰਮ ਸਟੇਡੀਅਮ ਵਿੱਚ ਖੇਡਿਆ ਜਾ ਰਿਹਾ ਏ। ਅਫਗਾਨਿਸਤਾਨ ਨੇ ਟਾਸ ਜਿੱਤ ਕੇ, ਪਹਿਲਾਂ ਬੱਲੇਬਾਜ਼ੀ ਕਰਦਿਆਂ, ਭਾਰਤ ਸਾਹਮਣੇ ਜਿੱਤ ਲਈ, 219 ਦੌੜਾਂ ਦਾ ਟੀਚਾ ਰੱਖਿਆ ਏ। ਮੇਜ਼ਬਾਨ ਟੀਮ ਪਹਿਲਾਂ ਹੀ 2-0 ਦੀ ਲੀਡ ਨਾਲ ਲੜੀ ਜਿੱਤ ਚੁੱਕੀ ਏ।

----------------------------------------------------------------------

- ਕੱਲ੍ਹ ਦੁਨੀਆ ਭਰ ਵਿੱਚ ਅੰਤਰ-ਰਾਸ਼ਟਰੀ ਯੋਗ ਦਿਵਸ ਮਨਾਇਆ ਜਾਵੇਗਾ-ਪੰਜਾਬ ਸਮੇਤ ਦੇਸ਼ ਭਰ ਯੋਗ ਸਮਾਗਮਾਂ ਦਾ ਹੋਵੇਗਾ ਆਯੋਜਨ-ਪ੍ਰਧਾਨ ਮੰਤਰੀ ਨਰੇਂਦਰ ਮੋਦੀ ਯੋਗ ਅਭਿਆਸ ਵਿੱਚ ਦੇਸ਼ ਦੀ ਅਗਵਾਈ ਕਰਨਗੇ I

- ਭਾਰਤੀ ਜਨਤਾ ਪਾਰਟੀ ਦੇ ਰਾਸ਼ਟਰੀ ਪ੍ਰਧਾਨ ਨਿਤਿਨ ਨਵੀਨ ਵਲੋਂ ਅੱਜ ਅੰਮ੍ਰਿਤਸਰ 'ਚ BJP ਆਗੂਆਂ ਅਤੇ ਵਰਕਰਾਂ ਨਾਲ ਮੀਟਿੰਗ।
- ਪੰਜਾਬ ਚੋਣ ਕਮਿਸ਼ਨ ਵੱਲੋਂ ਹੁਸ਼ਿਆਰਪੁਰ ਨਗਰ ਨਿਗਮ, ਨਗਰ ਕੌਂਸਲ ਗੁਰੂ ਹਰ ਸਹਾਏ ਤੇ ਜਲਾਲਾਬਾਦ ਅਤੇ ਮਮਦੋਟ ਨਗਰ ਪੰਚਾਇਤ ਦੇ ਮੈਂਬਰਾਂ ਦੀ ਚੋਣ ਲਈ, ਆਮ ਚੋਣਾਂ ਕਰਵਾਉਣ ਸਬੰਧੀ ਪ੍ਰੋਗਰਾਮ ਦਾ ਐਲਾਨ I
- ਪੰਜਾਬ ਸਰਕਾਰ ਵੱਲੋਂ 2 ਹਜ਼ਾਰ 437 ਅਪ੍ਰੈਂਟਿਸ ਟ੍ਰੇਨੀਜ਼ ਨੂੰ, PSPCL ਵਿੱਚ ਸਹਾਇਕ ਲਾਈਨਮੈਨ ਵਜੋਂ ਭਰਤੀ ਕਰਨ ਦਾ ਫੈਸਲਾI
- -ਭਾਰਤ ਅਤੇ ਅਫਗਾਨਿਸਤਾਨ ਵਿਚਕਾਰ ਤੀਜਾ ਅਤੇ ਆਖਰੀ ਇਕ ਰੋਜ਼ਾ ਕ੍ਰਿਕਟ ਮੈਚ ਅੱਜ ਚੇਨਈ ਵਿੱਚ ਖੇਡਿਆ ਜਾ ਰਿਹਾ ਏ।

**ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਨਮਸਕਾਰ !**